ਨੰ : ਸੀ.ਸਹਾਇਕ (ਅਮਲਾ)/ਆਰ.ਟੀ.ਆਈ.ਅਪੀਲ/ਸੰ:ਰ:ਜ:/2138 ਮਿਤੀ : 29/9/23

ਵਲੋਂ,

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਰਜਿਸਟਰਾਰ ਅਮਲਾ
ਸਹਿਕਾਰੀ ਸਭਾਵਾਂ, ਪੰਜਾਬ,
ਚੰਡੀਗੜ੍ਹ।
12 OCT 2023
ਨੰਬਰ 8915

3.4
11-10-23

ਸੇਵਾ ਵਿਖੇ,

ਰਜਿਸਟਰਾਰ,
ਸਹਿਕਾਰੀ ਸਭਾਵਾਂ, ਪੰਜਾਬ,
ਚੰਡੀਗੜ।

ਵਿਸ਼ਾ :- ਆਰ.ਟੀ.ਆਈ.ਐਕਟ-2005 ਤਹਿਤ ਦਾਇਰ ਕੀਤੀ ਗਈ ਅਪੀਲ ਦਾ ਫੈਸਲਾ ਆੱਨ-ਲਾਈਨ ਕਰਨ ਬਾਰੇ।

ਯਾਦ ਪੱਤਰ :

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਬੇਨਤੀ ਸਹਿਤ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਨਿਸ਼ਾਨਪ੍ਰੀਤ ਅੱਤਰੀ, ਮਕਾਨ ਨੰਬਰ 165/ 13, ਜੇਲ ਰੋਡ, ਗੁਰਦਾਸਪੁਰ ਵਲੋਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਰਾਹੀਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਦਫਤਰ ਵਿੱਚ ਅਪੀਲ ਦਾਇਰ ਕੀਤੀ ਗਈ ਸੀ। ਇਸ ਅਪੀਲ ਦਾ ਫੈਸਲਾ ਇਸ ਅਦਾਲਤ ਵਲੋਂ ਮਿਤੀ : 13.06.2023 ਨੂੰ ਕਰ ਦਿੱਤਾ ਗਿਆ ਹੈ।

ਡਾਇਰੈਕਟੋਰੇਟ, ਪ੍ਰਸ਼ਾਸਨਿਕ ਸੁਧਾਰ, ਪੰਜਾਬ (ਆਰ.ਟੀ.ਆਈ.ਨੋਡਲ ਸੈਲ-ਪੰਜਾਬ ਸਿਵਲ ਸਕੱਤਰੇਤ-2) ਸੈਕਟਰ-9, ਚੰਡੀਗੜ ਜੀ ਵਲੋਂ ਜਾਰੀ ਪੱਤਰ ਨੰ : ਅੰ.ਵਿ ਪੱ ਨੰ: 51/8/2014/2 ਆਰ.ਟੀ.ਆਈ.ਐਨ.ਸੀ./ 162, ਮਿਤੀ : 29.06.2015, ਜੋ ਮੁੱਖ-ਦਫਤਰ ਦੇ ਪਿੱਠ ਅੰਕਣ ਨੰ : ਅਮਲਾ/ ਅਸਗ-2/ ਆਰ.ਟੀ. ਆਈ./ 7698, ਮਿਤੀ : 29.06.2015 ਰਾਹੀਂ ਇਸ ਦਫਤਰ ਵਿੱਚ ਪ੍ਰਾਪਤ ਹੋਇਆ, ਰਾਹੀਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸ੍ਰੀ ਨਿਸ਼ਾਨਪ੍ਰੀਤ ਅੱਤਰੀ, ਅਪੀਲਕਰਤਾ ਵਲੋਂ ਦਾਇਰ ਕੀਤੀ ਗਈ ਅਪੀਲ ਅਤੇ ਇਸ ਅਦਾਲਤ ਵਲੋਂ ਕੀਤੇ ਗਏ ਫੈਸਲਾ ਮਿਤੀ : 13.06.2023 ਦੀ ਤਸਦੀਕਸ਼ੁਦਾ ਕਾਪੀ ਇਸ ਪੱਤਰ ਨਾਲ ਨੱਥੀ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਹ ਦਸਤਾਵੇਜ਼ ਵਿਭਾਗ ਦੀ ਵੈਬ-ਸਾਈਟ ਤੇ ਆੱਨ-ਲਾਈਨ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ ਜੀ।

ਸਹਿਪੱਤਰ/ ਉਪਰੋਕਤ ਅਨੁਸਾਰ।

ਸੰਯੁਕਤ ਰਜਿਸਟਰਾਰ
(ਐਪੀਲਾਂਟ ਅਥਾਰਟੀ)
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

P.A./B.O.
DY. No. 3938
Dated 13-10-2023

ਆਰ. ਟੀ. ਆਈ. ਸ਼ਾਖਾ
ਡਾਇਰੀ ਨੰ 1024
ਮਿਤੀ 16/10/23

**ਸੰਯੁਕਤ ਰਜਿਸਟਰਾਰ (ਐਪੀਲਾਂਟ ਅਥਾਰਟੀ) ਸਹਿਕਾਰੀ ਸਭਾਵਾਂ ਜਲੰਧਰ ਮੰਡਲ, ਸੀ.ਸੀ. ਬੀ ਜਲੰਧਰ, ਚੌਥੀ ਮੰਜਿਲ, ਸਾਹਮਣੇ ਵੱਡਾ ਡਾਕਖਾਨਾ, ਸਿਵਲ ਲਾਈਨਜ਼, ਜਲੰਧਰ, ਈ-ਮੇਲ ਐਡਰੈਸ : jrjalandhar1@gmail.com**

ਨਿਸ਼ਾਨਪ੍ਰੀਤ ਅੱਤਰੀ,
ਮਕਾਨ ਨੰਬਰ 165/ 13, ਜੇਲ ਰੋਡ,
ਗੁਰਦਾਸਪੁਰ।

......ਐਪੀਲੈਂਟ.....

ਬਨਾਮ

ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਗੁਰਦਾਸਪੁਰ।

.... ਰਿਸਪੋਂਡੈਂਟ ....

ਅਪੀਲ ਰਾਈਟ ਟੂ ਇਨਫਰਮੇਸ਼ਨ ਐਕਟ - 2005 ਦੇ ਸੈਕਸ਼ਨ 19 ਤਹਿਤ ਅਪੀਲ।

ਹੁੱਕਮ :

ਮਿਸਲ ਸੁਣਵਾਈ ਲਈ ਪੇਸ਼ ਹੋਈ। ਪ੍ਰਾਰਥੀ ਵਲੋਂ ਦਰਖਾਸਤ ਮਿਤੀ : 01.05.2023 ਰਾਹੀਂ ਰਾਈਟ ਟੂ ਇਨਫਰਮੇਸ਼ਨ ਐਕਟ - 2005 ਤਹਿਤ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਗੁਰਦਾਸਪੁਰ ਪਾਸੋਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਅਦਾਲਤ ਵਿੱਚ ਅਪੀਲ ਦਾਇਰ ਕੀਤੀ ਗਈ। ਅਪੀਲ ਅਨੁਸਾਰ ਪ੍ਰਾਰਥੀ ਵਲੋਂ ਦਰਖਾਸਤ ਮਿਤੀ : 15.03.2023 ਰਾਹੀਂ ਰਾਈਟ ਟੂ ਇਨਫਰਮੇਸ਼ਨ ਐਕਟ - 2005 ਤਹਿਤ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਗੁਰਦਾਸਪੁਰ ਪਾਸੋਂ ਹੇਠ ਲਿਖੇ ਅਨੁਸਾਰ ਸੂਚਨਾ ਲੈਣ ਵਾਸਤੇ ਅਪਲਾਈ ਕੀਤਾ ਗਿਆ ਸੀ :-

1. ਦਫਤਰ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਗੁਰਦਾਸਪੁਰ ਦੇ ਮਿਤੀ : 20.08.2022 ਤੋਂ ਮਿਤੀ : 31.08.2022 ਤੱਕ ਜਨਰਲ ਡਿਸਪੈਚ ਰਜਿਸਟਰ ਦੀਆਂ ਤਸਦੀਕਸ਼ੁਦਾ ਕਾਪੀਆਂ।
2. ਦਫਤਰ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਗੁਰਦਾਸਪੁਰ ਦੇ ਮਿਤੀ : 10.09.2022 ਤੋਂ ਮਿਤੀ : 05.10.2022 ਤੱਕ ਜਨਰਲ ਡਿਸਪੈਚ ਰਜਿਸਟਰ ਦੀਆਂ ਤਸਦੀਕਸ਼ੁਦਾ ਕਾਪੀਆਂ।
3. ਦਫਤਰ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਗੁਰਦਾਸਪੁਰ ਦੇ ਮਿਤੀ : 01.10.2022 ਤੋਂ ਮਿਤੀ : 05.10.2022 ਤੱਕ ਹੈਡ ਆਫਿਸ ਡਿਸਪੈਚ ਰਜਿਸਟਰ ਦੀਆਂ ਤਸਦੀਕਸ਼ੁਦਾ ਕਾਪੀਆਂ।
4. ਦਫਤਰ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਗੁਰਦਾਸਪੁਰ ਦੇ ਮਿਤੀ : 01.08.2022 ਤੋਂ ਮਿਤੀ : 31.08.2022 ਤੱਕ ਜਨਰਲ ਰਸੀਟ ਰਜਿਸਟਰ ਦੀਆਂ ਤਸਦੀਕਸ਼ੁਦਾ ਕਾਪੀਆਂ।

.......2......

ਅਪੀਲ ਅਨੁਸਾਰ ਪ੍ਰਾਰਥੀ ਵਲੋਂ ਮੰਗੀ ਗਈ ਉੱਕਤ ਅਨੁਸਾਰ ਸੂਚਨਾ ਉਸਨੂੰ ਉਪਲਬੱਧ ਨਹੀਂ ਕਰਵਾਈ ਗਈ। ਪ੍ਰਾਰਥੀ ਵਲੋਂ ਅਪੀਲ ਰਾਹੀਂ ਬੇਨਤੀ ਕੀਤੀ ਗਈ ਕਿ ਉਸ ਵਲੋਂ ਮੰਗੀ ਗਈ ਸੂਚਨਾ ਉਸਨੂੰ ਉਪਲਬੱਧ ਕਰਵਾਈ ਜਾਵੇ।

ਅਪੀਲ ਦੀ ਸੁਣਵਾਈ ਵਾਸਤੇ ਦੋਵੇਂ ਧਿਰਾਂ ਨੂੰ ਨੋਟਿਸ ਜਾਰੀ ਕੀਤਾ ਗਿਆ ਅਤੇ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਗੁਰਦਾਸਪੁਰ ਨੂੰ ਹਦਾਇਤ ਕੀਤੀ ਗਈ ਕਿ ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਉਸਨੂੰ ਅਪੀਲ ਦੀ ਸੁਣਵਾਈ ਦੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਇਸ ਨਾਲ ਸਬੰਧਤ ਰੀਕਾਰਡ ਅਪੀਲ ਦੀ ਸੁਣਵਾਈ ਦੌਰਾਨ ਪੇਸ਼ ਕੀਤਾ ਜਾਵੇ।

ਮਿਤੀ : 01.06.2023 ਨੂੰ ਅਪੀਲ ਦੀ ਸੁਣਵਾਈ ਦੌਰਾਨ ਅਪੀਲ ਕਰਤਾ ਹਾਜਰ ਆਇਆ ਅਤੇ ਉਸਨੂੰ ਲਿਖਤੀ ਬਿਆਨ ਕੀਤਾ ਕਿ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਗੁਰਦਾਸਪੁਰ ਦੇ ਪੱਤਰ ਨੰ : 1591, ਮਿਤੀ : 29.05.2023 ਰਾਹੀਂ ਉਸਨੂੰ ਕੁੱਝ ਸੂਚਨਾ ਉਪਲਬੱਧ ਕਰਵਾਈ ਗਈ ਹੈ, ਜੋ ਕਿ ਅਧੂਰੀ ਅਤੇ ਗਲਤ ਹੈ। ਪ੍ਰਾਰਥੀ ਵਲੋਂ ਉਸਨੂੰ ਮੁਕੰਮਲ ਸੂਚਨਾ ਦਿਵਾਉਣ ਲਈ ਬੇਨਤੀ ਕੀਤੀ ਗਈ।

ਮਿਤੀ : 13.06.2023 ਨੂੰ ਅਪੀਲ ਦੀ ਸੁਣਵਾਈ ਦੌਰਾਨ ਅਪੀਲਕਰਤਾ ਹਾਜਰ ਆਇਆ ਅਤੇ ਉਸ ਵਲੋਂ ਲਿਖਤੀ ਤੌਰ ਤੇ ਦਰਖਾਸਤ ਰਾਹੀਂ ਅਦਾਲਤ ਨੂੰ ਸੂਚਿਤ ਕੀਤਾ ਗਿਆ ਕਿ ਉਸ ਵਲੋਂ ਦਰਖਾਸਤ ਮਿਤੀ : 01.05.2023 ਰਾਹੀਂ ਆਰ.ਟੀ. ਆਈ. ਐਕਟ ਤਹਿਤ ਰਸੀਦ ਅਤੇ ਡਿਸਪੈਚ ਰਜਿਸਟਰਾਂ ਦੀਆਂ ਕਾਪੀਆਂ ਮੰਗੀਆਂ ਗਈਆਂ ਸਨ। ਇਹ ਸੂਚਨਾ ਉਸਨੂੰ ਮਿਲ ਗਈ ਹੈ।

ਦੋਵਾਂ ਧਿਰਾਂ ਨੂੰ ਸੁਣਨ ਅਤੇ ਰੀਕਾਰਡ ਦੀ ਘੋਖ ਕਰਨ ਉਪਰੰਤ ਮੈਂ ਇਸ ਸਿੱਟੇ ਤੇ ਪੰਹੁਚੀ ਹਾਂ ਕਿ ਪ੍ਰਾਰਥੀ ਵਲੋਂ ਦਰਖਾਸਤ ਮਿਤੀ : 01.05.2023 ਰਾਹੀਂ ਮੰਗੀ ਗਈ ਸੂਚਨਾ ਉਸਨੂੰ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਗੁਰਦਾਸਪੁਰ ਵਲੋਂ ਉਪਲਬੱਧ ਕਰਵਾਈ ਜਾ ਚੁੱਕੀ ਹੈ। ਇਸ ਲਈ ਅਪੀਲ ਡਿਸਪੋਜ਼ ਆਫ ਕੀਤੀ ਜਾਂਦੀ ਹੈ।

(ਸਰਬਜੀਤ ਕੋਰ)
ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ ਜਲੰਧਰ ਮੰਡਲ ਜਲੰਧਰ।

ਅਸਲ ਕਾਪੀ ਤੋਂ ਤਸਦੀਕ ਕੀਤਾ
ਸੁਪਰਡੰਟ 29/9/2023
ਦਫਤਰ ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।